Tape/CD: 1306

## ਪੰਨਾ ੧੦੪

॥ ਮਾਝ ਮਹਲਾ ੫ ॥ ਸੁਣਿ ਸੁਣਿ ਜੀਵਾ ਸੋਇ ਤੁਮਾਰੀ ॥ ਤੂੰ ਪ੍ਰੀਤਮੁ ਠਾਕੁਰੁ ਅਤਿ ਭਾਰੀ ॥ ਤੁਮਰੇ ਕਰਤਬ ਤੁਮ ਹੀ ਜਾਣਹੁ ਤੁਮਰੀ ਓਟ ਗੋੁਪਾਲਾ ਜੀਉ ॥ ੧ ॥ ਗੁਣ ਗਾਵਤ ਮਨੁ ਹਰਿਆ ਹੋਵੈ ॥ ਕਥਾ ਸੁਣਤ ਮਲੁ ਸਗਲੀ ਖੋਵੈ ॥ ਭੇਟਤ ਸੰਗਿ ਸਾਧ ਸੰਤਨ ਕੈ ਸਦਾ ਜਪਉ ਦਇਆਲਾ ਜੀਉ ॥ ੨ ॥ ਪ੍ਰਭੁ ਅਪੁਨਾ ਸਾਸਿ ਸਾਸਿ ਸਮਾਰਉ ॥ ਇਹ ਮਤਿ ਗੁਰ ਪ੍ਰਸਾਦਿ ਮਨਿ ਧਾਰਉ ॥ ਤੁਮਰੀ ਕ੍ਰਿਪਾ ਤੇ ਹੋਇ ਪ੍ਰਗਾਸਾ ਸਰਬ ਮਇਆ ਪ੍ਰਤਿਪਾਲਾ ਜੀਉ ॥ ੩ ॥ ਸਤਿ ਸਤਿ ਸਤਿ ਪ੍ਰਭੁ ਸੋਈ ॥ ਸਦਾ ਸਦਾ ਸਦ ਆਪੇ ਹੋਈ ॥ ਚਲਿਤ ਤੁਮਾਰੇ ਪ੍ਰਗਟ ਪਿਆਰੇ ਦੇਖਿ ਨਾਨਕ ਭਏ ਨਿਹਾਲਾ ਜੀਉ ॥ ੪ ॥ ੨੬ ॥ ੩੩ ॥

Tape/CD: 1306

# ਪੰਨਾ ੧੩੯੭

ਅਨਭਉ ਉਨਮਾਨਿ ਅਕਲ ਲਿਵ ਲਾਗੀ ਪਾਰਸੁ ਭੇਟਿਆ ਸਹਜ ਘਰੇ ॥ ਸਤਗੁਰ ਪਰਸਾਦਿ ਪਰਮ ਪਦੁ ਪਾਯਾ ਭਗਤਿ ਭਾਇ ਭੰਡਾਰ ਭਰੇ ॥ ਮੇਟਿਆ ਜਨਮਾਂਤੁ ਮਰਣ ਭਉ ਭਾਗਾ ਚਿਤੁ ਲਾਗਾ ਸੰਤੋਖ ਸਰੇ ॥ ਕਵਿ ਕਲ੍ਹ ਠਕੁਰ ਹਰਦਾਸ ਤਨੇ ਗੁਰ ਰਾਮਦਾਸ ਸਰ ਅਭਰ ਭਰੇ ॥ ੪ ॥

Tape/CD: 1306

ਪੰਨਾ ੧੧੦੩

## ਰਾਗੁ ਮਾਰੂ ਬਾਣੀ ਕਬੀਰ ਜੀਉ ਕੀ

ਬਨਹਿ ਬਸੇ ਕਿਉ ਪਾਈਐ ਜਉ ਲਉ ਮਨਹੁ ਨ ਤਜਹਿ ਬਿਕਾਰ ॥ ਜਿਹ ਘਰੁ ਬਨੁ ਸਮਸਰਿ ਕੀਆ ਤੇ ਪੂਰੇ ਸੰਸਾਰ ॥ ੧ ॥ ਸਾਰ ਸੁਖੁ ਪਾਈਐ ਰਾਮਾ ॥ ਰੰਗਿ ਰਵਹੁ ਆਤਮੈ ਰਾਮ ॥ ੧ ॥ ਰਹਾਉ ॥ ਜਟਾ ਭਸਮ ਲੇਪਨ ਕੀਆ ਕਹਾ ਗੁਫਾ ਮਹਿ ਬਾਸ ॥ ਮਨੁ ਜੀਤੇ ਜਗੁ ਜੀਤਿਆ ਜਾਂ ਤੇ ਬਿਖਿਆ ਤੇ ਹੋਇ ਉਦਾਸੁ ॥ ੨ ॥ ਅੰਜਨੁ ਦੇਇ ਸਭੈ ਕੋਈ ਟੁਕੁ ਚਾਹਨ ਮਾਹਿ ਬਿਡਾਨੁ ॥ ਗਿਆਨ ਅੰਜਨੁ ਜਿਹ ਪਾਇਆ ਤੇ ਲੋਇਨ ਪਰਵਾਨ ॥ ੩ ॥ ਕਹਿ ਕਬੀਰ ਅਬ ਜਾਨਿਆ ਗੁਰਿ ਗਿਆਨੁ ਦੀਆ ਸਮਝਾਇ ॥ **ਅੰਤਰਗਤਿ ਹਰਿ ਭੇਟਿਆ ਅਬ ਮੇਰਾ ਮਨੁ ਕਤਹੂ ਨ ਜਾਇ ॥** ੪ ॥ ੨ ॥

Tape/CD: 1306

# ਪੰਨਾ ੪੫੧

## ਆਸਾ ਮਹਲਾ ੪ ਛੰਤ ਘਰੁ ੪

ਜਿਨੀ ਗੁਰਮੁਖਿ ਨਾਮੁ ਧਿਆਇਆ ਤਿਨਾ ਫਿਰਿ ਬਿਘਨੁ ਨ ਹੋਈ ਰਾਮ ਰਾਜੇ ॥ ਜਿਨੀ ਸਤਿਗੁਰੁ ਪੁਰਖੁ ਮਨਾਇਆ ਤਿਨ ਪੂਜੇ ਸਭੁ ਕੋਈ ॥ ਜਿਨ੍ਹੀ ਸਤਿਗੁਰੁ ਪਿਆਰਾ ਸੇਵਿਆ ਤਿਨ੍ਹਾ ਸੁਖੁ ਸਦ ਹੋਈ ॥ ਜਿਨ੍ਹਾ ਨਾਨਕੁ ਸਤਿਗੁਰੁ ਭੇਟਿਆ ਤਿਨ੍ਹਾ ਮਿਲਿਆ ਹਰਿ ਸੋਈ ॥ ੨ ॥